◆ ADVT ◆
ਇੱਥੇ ਇਸ਼ਤਿਹਾਰ ਦਿਓ
98700 06472 · need24.digital

NEED24 NEWS
ਨੀਡ 24 ਨਿਊਜ਼
ਹਰ ਖ਼ਬਰ, ਹਰ ਸ਼ਹਿਰ


◆ ADVT ◆
ਇੱਥੇ ਇਸ਼ਤਿਹਾਰ ਦਿਓ
98700 06472 · need24.digital

DIGITAL E-PAPER

PRGI APPLICATION UNDER PROCESS
Application No. T/GJ/2026/0619/2304/1577
GST GSTIN 24CINPG0564Q1ZT
UDYAM REGISTERED UDYAM-GJ-14-0003714
◆ DIGITAL NEWS NETWORK ◆
ਭਾਰਤ ਦਾ ਭਰੋਸੇਮੰਦ ਬਹੁਭਾਸ਼ੀ ਡਿਜੀਟਲ ਨਿਊਜ਼ ਨੈੱਟਵਰਕ
11+ Languages | 24×7 Live | e-Paper Daily
ਸਾਡੀ App ਡਾਊਨਲੋਡ ਕਰੋ
Download on the App Store
GET IT ON Google Play
www.need24.digital
info@need24.in
+91 98700 06472
FOLLOW US:
तेज़ | सटीक | निष्पक्ष | जनहित में | सच की आवाज़ | जन-जन की आवाज़ | निडर पत्रकारिता

POLITICS

ਪੰਜਾਬ ਵਿੱਚ 5 ਤਰੀਕ ਨੂੰ ਸਿੱਧੂ ਨੇ ਵੱਡਾ ਐਲਾਨ ਕੀਤਾ



5 ਤਰੀਕ ਨੂੰ, ਪੰਜਾਬ ਵਿੱਚ, ਸਿੱਧੂ ਨੇ ਇੱਕ ਵੱਡਾ ਐਲਾਨ ਕੀਤਾ।

ਇਸ ਐਲਾਨ ਦੀ ਜਾਣਕਾਰੀ Need24News ਦੇ ਅਮਨਦੀਪ ਸਿੰਘ ਜੀ ਦੁਆਰਾ ਪ੍ਰਸਾਰਿਤ ਕੀਤੀ ਗਈ।

ਐਲਾਨ ਦੀ ਵਿਸਥਾਰਪੂਰਣ ਸਮੱਗਰੀ ਹਾਲੇ ਤੱਕ ਉਪਲਬਧ ਨਹੀਂ ਹੋਈ, ਅਤੇ ਅਧਿਕਾਰੀਆਂ ਤੋਂ ਹੋਰ ਵੇਰਵੇ ਦੀ ਉਮੀਦ ਕੀਤੀ ਜਾ ਰਹੀ ਹੈ।

— Amandeep Singh

ਜਲਦ ਹੋ ਸਕਦਾ ਭਾਜਪਾ ਅਤੇ ਅਕਾਲੀ ਦਲ ਦਾ ਗਠਜੋੜ ।

ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦਾ ਜਲਦ ਹੋਣ ਜਾ ਰਿਹਾ ਗਠਜੋੜ । ਸ਼੍ਰੋਮਣੀ ਅਕਾਲੀ ਦਲ ਦਾ ਹੋਵੇਗਾ ਮੁੱਖ ਮੰਤਰੀ ਚਿਹਰਾ ।35 ਤੋਂ 40 ਸੀਟਾਂ ਤੇ ਭਾਜਪਾ ਲੜੇਗੀ ਚੋਣ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜਲਦ ਕਰਨਗੇ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਨਾਲ ਸਾਜੀ ਰੈਲੀ । ਭਰੋਸੇ ਯੋਗ ਸੂਤਰਾਂ ਤੋਂ ਮਿਲੀ ਰਿਪੋਰਟ ।

— Parkash singh

ਭਾਈ ਕਲਾਂ ਦੇ ਦਲਜੀਤ ਮਾਮਲੇ ਵਿੱਚ ਹਾਈਕੋਰਟ ਦਾ ਵੱਡਾ ਅਪਡੇਟ!

ਭਾਈ ਕਲਾਂ ਦੇ ਦਲਜੀਤ ਮਾਮਲੇ ਵਿੱਚ ਹਾਈਕੋਰਟ ਦਾ ਵੱਡਾ ਅਪਡੇਟ! ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਦਲਜੀਤ ਮਾਮਲੇ ਦੀ ਸੁਣਵਾਈ ਦੌਰਾਨ ਅਹਿਮ ਮੋੜ ਸਾਹਮਣੇ ਆਇਆ ਹੈ। ਹਾਈਕੋਰਟ ਨੇ ਪੀੜਤ ਧਿਰ ਦੀ ਪਟੀਸ਼ਨ 'ਤੇ PGI ਤੋਂ ਪੋਸਟਮਾਰਟਮ ਕਰਵਾਉਣ ਦੇ ਹੁਕਮ ਦਿੱਤੇ ਹਨ। ਇਸ ਦੇ ਨਾਲ ਹੀ ਅਦਾਲਤ ਵੱਲੋਂ ਸਰਕਾਰ ਨੂੰ ਵੀ ਸਖ਼ਤ ਸਵਾਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਪੀੜਤ ਧਿਰ ਵੱਲ

— Jimmy Ropar

POLITICS

ਰੋਪੜ ਹਲਕੇ ਦੀ ਰਾਜਨੀਤੀ: ਦਿਨੇਸ਼ ਚੱਢਾ (AAP) ਅਤੇ ਅਜੇਵੀਰ ਲਾਲਪੁਰਾ (BJP) ਦੀ ਮੁਕਾਬਲੇ ਦੀ ਚਰਚਾ



ਰੋਪੜ ਹਲਕੇ ਦੀ ਰਾਜਨੀਤੀ ਵਿੱਚ ਦਿਨੇਸ਼ ਚੱਢਾ (AAP) ਅਤੇ ਅਜੇਵੀਰ ਲਾਲਪੁਰਾ (BJP) ਦੀ ਮੁਕਾਬਲੇ ਨੇ ਵੋਟਰਾਂ ਦੀ ਧਿਆਨ ਖਿੱਚਿਆ ਹੈ।

ਦੋਵੇਂ ਉਮੀਦਵਾਰਾਂ ਦੇ ਆਪਣੇ-ਆਪਣੇ ਸਮਰਥਕ ਆਧਾਰ ਹਨ ਅਤੇ ਉਹ ਵੱਖ-ਵੱਖ ਰਣਨੀਤੀਆਂ ਨਾਲ ਮੁਕਾਬਲੇ ਦੀ ਤਿਆਰੀ ਕਰ ਰਹੇ ਹਨ।

ਅਜੇ ਤੱਕ ਕੋਈ ਸਪਸ਼ਟ ਜੇਤੂ ਨਹੀਂ ਨਿਕਲਿਆ, ਅਤੇ ਵੋਟਰਾਂ ਨੂੰ ਆਪਣੇ ਫੈਸਲੇ ਲਈ ਤਿਆਰ ਰਹਿਣਾ ਚਾਹੀਦਾ ਹੈ।

— Jimmy Ropar

POLITICS

ਰੋਪੜ ਹਲਕੇ ਦੀ ਰਾਜਨੀਤੀ: ਦਿਨੇਸ਼ ਚੱਢਾ (AAP) ਅਤੇ ਅਜੇਵੀਰ ਲਾਲਪੁਰਾ (BJP) ਦੀ ਮੁਕਾਬਲੇ ਦੀ ਚਰਚਾ



ਰੋਪੜ ਹਲਕੇ ਦੀ ਰਾਜਨੀਤੀ ਵਿੱਚ ਦਿਨੇਸ਼ ਚੱਢਾ (AAP) ਅਤੇ ਅਜੇਵੀਰ ਲਾਲਪੁਰਾ (BJP) ਦੀ

ਦੋਵੇਂ ਉਮੀਦਵਾਰਾਂ ਦੇ ਆਪਣੇ-ਆਪਣੇ ਸਮਰਥਕ ਆਧਾਰ ਹਨ ਅਤੇ ਉਹ ਵੱਖ-ਵੱਖ ਰਣਨੀਤੀਆਂ ਨਾਲ ਮੁਕਾਬਲੇ ਦੀ ਤਿਆਰੀ ਕਰ ਰਹੇ ਹਨ।

ਅਜੇ ਤੱਕ ਕੋਈ ਸਪਸ਼ਟ ਜੇਤੂ ਨਹੀਂ ਨਿਕਲਿਆ, ਅਤੇ ਵੋਟਰਾਂ ਨੂੰ ਆਪਣੇ ਫੈਸਲੇ ਲਈ ਤਿਆਰ ਰਹਿਣਾ ਚਾਹੀਦਾ ਹੈ।

— Jimmy Ropar

BUSINESS

ਦੀਵਾਲੀ 'ਤੇ ਮਹਿੰਗਾਈ ਦਾ ਡਬਲ ਅਟੈਕ, TV-ਫਰਿੱਜ ਤੋਂ ਲੈ ਕੇ ਮਠਿਆਈਆਂ-Dry fruit ਤੱਕ ਸਭ ਮਹਿੰਗੇ



ਦੀਵਾਲੀ 'ਤੇ ਮਹਿੰਗਾਈ ਦਾ ਡਬਲ ਅਟੈਕ, TV-ਫਰਿੱਜ ਤੋਂ ਲੈ ਕੇ ਮਠਿਆਈਆਂ-Dry fruit ਤੱਕ ਸਭ ਮਹਿੰਗੇ

Tuesday, Nov 03, 2026 ।

ਬਿਜ਼ਨੈੱਸ ਡੈਸਕ : ਜਿਵੇਂ-ਜਿਵੇਂ ਦੀਵਾਲੀ ਨੇੜੇ ਆ ਰਹੀ ਹੈ, ਬਾਜ਼ਾਰਾਂ ਵਿੱਚ ਖਰੀਦਦਾਰੀ ਤੇਜ਼ ਹੋ ਗਈ ਹੈ, ਪਰ ਇਸ ਵਾਰ ਮਹਿੰਗਾਈ ਨੇ ਲੋਕਾਂ ਦੇ ਬਜਟ ਨੂੰ ਵਿਗਾੜ ਦਿੱਤਾ ਹੈ। ਖਪਤਕਾਰਾਂ ਨੂੰ ਟੀਵੀ, ਫਰਿੱਜ ਅਤੇ ਏਅਰ ਕੰਡੀਸ਼ਨਰ ਤੋਂ ਲੈ ਕੇ ਮਠਿਆਈਆਂ ਅਤੇ ਸੁੱਕੇ ਮੇਵੇ ਤੱਕ ਹਰ ਚੀਜ਼ 'ਤੇ ਜ਼ਿਆਦਾ ਖਰਚ ਕਰਨਾ ਪੈ ਰਿਹਾ ਹੈ। ਕੱਚੇ ਮਾਲ ਦੀਆਂ ਵਧਦੀਆਂ ਕੀਮਤਾਂ, ਮਾੜੀ ਫ਼ਸਲ ਅਤੇ ਵੱਧ ਮਾਲ ਭਾੜੇ ਦੀਆਂ ਲਾਗਤਾਂ ਨੇ ਇਲੈਕਟ੍ਰਾਨਿਕਸ ਉਤਪਾਦ 3 ਤੋਂ 7 ਪ੍ਰਤੀਸ਼ਤ ਮਹਿੰਗੇ ਕਰ ਦਿੱਤੇ ਹਨ। ਮਠਿਆਈਆਂ ਵਿੱਚ ਵੀ 15 ਪ੍ਰਤੀਸ਼ਤ ਵਾਧਾ ਦੇਖਿਆ ਗਿਆ ਹੈ। ਸਭ ਤੋਂ ਵੱਡਾ ਵਾਧਾ ਪਿਸਤਾ ਦੀਆਂ ਕੀਮਤਾਂ ਵਿੱਚ ਦੇਖਿਆ ਗਿਆ ਹੈ, ਜੋ ਪਿਛਲੇ ਸਾਲ ਦੇ ਮੁਕਾਬਲੇ ਲਗਭਗ ਦੁੱਗਣਾ ਹੋ ਗਿਆ ਹੈ।

ਦੀਵਾਲੀ ਦੌਰਾਨ ਟੀਵੀ, ਫਰਿੱਜ ਅਤੇ ਏਅਰ ਕੰਡੀਸ਼ਨਰਾਂ ਦੀ ਮੰਗ ਵਧ ਜਾਂਦੀ ਹੈ। ਇਸ ਦੌਰਾਨ, ਹਾਇਰ, ਐਲਜੀ ਅਤੇ ਬਲੂ ਸਟਾਰ ਵਰਗੀਆਂ ਕੰਪਨੀਆਂ ਨੇ ਆਪਣੇ ਉਤਪਾਦਾਂ ਦੀਆਂ ਕੀਮਤਾਂ ਵਧਾ ਦਿੱਤੀਆਂ ਹਨ। ਇੱਕ ਰਿਪੋਰਟ ਅਨੁਸਾਰ, ਇਸ ਤਿਉਹਾਰੀ ਸੀਜ਼ਨ ਵਿੱਚ ਇਲੈਕਟ੍ਰਾਨਿਕਸ ਦੀ ਵਿਕਰੀ ਦਾ ਕੁੱਲ ਮੁੱਲ 20 ਪ੍ਰਤੀਸ਼ਤ ਵਧਣ ਦੀ ਉਮੀਦ ਹੈ, ਪਰ ਯੂਨਿਟ ਵਿਕਰੀ ਵਾਧਾ ਸਿੰਗਲ ਅੰਕਾਂ ਵਿੱਚ ਰਹਿ ਸਕਦਾ ਹੈ। ਮਾਹਰਾਂ ਮੁਤਾਬਕ ਗਾਹਕ ਖਰੀਦਦਾਰੀ ਲਈ EMI ਦੀ ਵਰਤੋਂ ਵੱਧ ਕਰ ਰਹੇ ਹਨ।

ਮਹਿੰਗਾਈ ਕਾਰਨ, ਗਾਹਕ ਇਸ ਦੀਵਾਲੀ 'ਤੇ ਆਪਣੀਆਂ ਜ਼ਰੂਰਤਾਂ ਦੇ ਆਧਾਰ 'ਤੇ ਖਰੀਦਦਾਰੀ ਕਰ ਸਕਦੇ ਹਨ। ਮਹਿੰਗੇ ਗਿਫਟ ਹੈਂਪਰਾਂ ਨਾਲੋਂ ਛੋਟੇ ਪੈਕੇਜ ਅਤੇ ਕਿਫਾਇਤੀ ਵਿਕਲਪਾਂ ਨੂੰ ਤਰਜੀਹ ਦਿੱਤੀ ਜਾ ਸਕਦੀ ਹੈ। ਵਪਾਰੀਆਂ ਨੂੰ ਵਿਕਰੀ ਦੇ ਕੁੱਲ ਮੁੱਲ ਵਿੱਚ ਵਾਧੇ ਦੀ ਉਮੀਦ ਹੈ, ਪਰ ਸਾਮਾਨ ਦੀ ਮਾਤਰਾ ਦੀ ਵਿਕਰੀ ਘੱਟ ਸਕਦੀ ਹੈ।

— Shamsher Singh

HEALTH

ਰੋਪੜ ਸਰਕਾਰੀ ਹਸਪਤਾਲ ਵਿੱਚ ਡਾਕਟਰਾਂ ਦੀ ਗੈਰਹਾਜ਼ਰੀ, ਮਰੀਜ਼ਾਂ ਨੂੰ ਘੰਟਿਆਂ ਦੀ ਉਡੀਕ



ਰੋਪੜ ਸਰਕਾਰੀ ਹਸਪਤਾਲ ਵਿੱਚ ਡਾਕਟਰਾਂ ਦੀ ਗੈਰਹਾਜ਼ਰੀ ਨੇ ਮਰੀਜ਼ਾਂ ਨੂੰ ਬੇਹੱਦ ਮੁਸ਼ਕਲਾਂ ਵਿੱਚ ਪਾ ਦਿੱਤਾ ਹੈ, ਕਿਉਂਕਿ ਇਲਾਜ ਲਈ ਲੋੜੀਂਦੀ ਸਹਾਇਤਾ ਸਮੇਂ 'ਤੇ ਨਹੀਂ ਮਿਲ ਰਹੀ।

ਹਸਪਤਾਲ ਦੇ ਕਈ ਵਿਭਾਗਾਂ ਵਿੱਚ ਡਾਕਟਰਾਂ ਦੀ ਦੇਰੀ ਜਾਂ ਗੈਰਹਾਜ਼ਰੀ ਦੇ ਕਾਰਨ ਮਰੀਜ਼ਾਂ ਨੂੰ ਘੰਟਿਆਂ ਤੱਕ ਇੰਤਜ਼ਾਰ ਕਰਨਾ ਪੈ ਰਿਹਾ ਹੈ, ਜਿਸ ਨਾਲ ਉਨ੍ਹਾਂ ਦੀ ਸਿਹਤ 'ਤੇ ਨਕਾਰਾਤਮਕ ਪ੍ਰਭਾਵ ਪੈ ਸਕਦਾ ਹੈ।

ਮਰੀਜ਼ਾਂ ਨੇ ਹਸਪਤਾਲ ਪ੍ਰਬੰਧਨ ਨੂੰ ਇਸ ਮਸਲੇ ਦੀ ਤੁਰੰਤ ਹੱਲ ਦੀ ਮੰਗ ਕੀਤੀ ਹੈ, ਪਰ ਅਜੇ ਤੱਕ ਕੋਈ ਸਪਸ਼ਟ ਉਪਾਅ ਜਾਂ ਜਵਾਬ ਨਹੀਂ ਮਿਲਿਆ।

— Jimmy Ropar

TRAVEL

ਵਿਦੇਸ਼ ਤੋਂ ਭਾਰਤ ਆਉਣ ਵਾਲੇ ਯਾਤਰੀਆਂ ਲਈ Advisory ਜਾਰੀ, ਭਰਨਾ ਹੋਵੇਗਾ ਏਅਰ ਸੁਵਿਧਾ ਫਾਰਮ



ਵਿਦੇਸ਼ ਤੋਂ ਭਾਰਤ ਆਉਣ ਵਾਲੇ ਯਾਤਰੀਆਂ ਲਈ Advisory ਜਾਰੀ, ਭਰਨਾ ਹੋਵੇਗਾ ਏਅਰ ਸੁਵਿਧਾ ਫਾਰਮ

Tuesday, Nov 03, 2026।

ਬਿਜ਼ਨੈੱਸ ਡੈਸਕ - ਵਿਦੇਸ਼ ਤੋਂ ਭਾਰਤ ਆਉਣ ਵਾਲੇ ਯਾਤਰੀਆਂ ਲਈ ਨਵੀਂ ਜਾਣਕਾਰੀ ਸਾਹਮਣੇ ਆਈ ਹੈ। ਇਬੋਲਾ ਵਾਇਰਸ ਦੇ ਖ਼ਤਰੇ ਦੇ ਮੱਦੇਨਜ਼ਰ ਭਾਰਤੀ ਹਵਾਈ ਅੱਡੇ 'ਤੇ ਯਾਤਰੀਆਂ ਦੀ ਸਿਹਤ ਨੂੰ ਲੈ ਕੇ ਚੌਕਸੀ ਵਧਾ ਦਿੱਤੀ ਗਈ ਹੈ। ਹੁਣ ਯੂਏਈ ਸਮੇਤ ਹੋਰ ਦੇਸ਼ਾਂ ਤੋਂ ਭਾਰਤ ਆਉਣ ਵਾਲੇ ਯਾਤਰੀਆਂ ਨੂੰ ਕੁਝ ਮਹੱਤਵਪੂਰਨ ਗੱਲਾਂ ਨੂੰ ਧਿਆਨ ਵਿੱਚ ਰੱਖਣਾ ਹੋਵੇਗਾ। ਆਓ ਨਵੇਂ ਨਿਯਮ ਬਾਰੇ ਜਾਣੀਏ

ਇਕ ਨਿਊਜ਼ ਵੈਬਸਾਈਟ ਦੀ ਰਿਪੋਰਟ ਅਨੁਸਾਰ, ਯੂਏਈ ਤੋਂ ਭਾਰਤ ਆਉਣ ਵਾਲੇ ਸਾਰੇ ਯਾਤਰੀਆਂ ਲਈ ਏਅਰ ਸੁਵਿਧਾ ਸਵੈ-ਘੋਸ਼ਣਾ ਫਾਰਮ ਭਰਨਾ ਲਾਜ਼ਮੀ ਕਰ ਦਿੱਤਾ ਗਿਆ ਹੈ। ਇਹ ਫਾਰਮ ਪਹੁੰਚਣ ਦੇ 24 ਘੰਟਿਆਂ ਦੇ ਅੰਦਰ ਔਨਲਾਈਨ ਜਮ੍ਹਾ ਕਰਨਾ ਲਾਜ਼ਮੀ ਹੈ। ਯਾਤਰੀ ਨੂੰ ਕਿਸੇ ਵੀ ਆਧਾਰ 'ਤੇ ਕੋਈ ਛੋਟ ਨਹੀਂ ਦਿੱਤੀ ਗਈ ਹੈ।

ਇਹ ਨਿਯਮ ਸਾਰੇ ਅੰਤਰਰਾਸ਼ਟਰੀ ਯਾਤਰੀਆਂ 'ਤੇ ਲਾਗੂ ਹੁੰਦਾ ਹੈ, ਜਿਸ ਵਿੱਚ ਭਾਰਤੀ ਪਾਸਪੋਰਟ ਧਾਰਕ, ਓਵਰਸੀਜ਼ ਸਿਟੀਜ਼ਨ ਆਫ਼ ਇੰਡੀਆ (OCI) ਕਾਰਡ ਧਾਰਕ ਅਤੇ ਵਿਦੇਸ਼ੀ ਪਾਸਪੋਰਟ ਵਾਲੇ ਯਾਤਰੀ ਸ਼ਾਮਲ ਹਨ।

— Shamsher Singh

TRAVEL

ਵਿਦੇਸ਼ ਤੋਂ ਭਾਰਤ ਆਉਣ ਵਾਲੇ ਯਾਤਰੀਆਂ ਲਈ Advisory ਜਾਰੀ, ਭਰਨਾ ਹੋਵੇਗਾ ਏਅਰ ਸੁਵਿਧਾ ਫਾਰਮ



ਵਿਦੇਸ਼ ਤੋਂ ਭਾਰਤ ਆਉਣ ਵਾਲੇ ਯਾਤਰੀਆਂ ਲਈ Advisory ਜਾਰੀ, ਭਰਨਾ ਹੋਵੇਗਾ ਏਅਰ ਸੁਵਿਧਾ ਫਾਰਮ

Tuesday, Nov 03, 2026।

ਬਿਜ਼ਨੈੱਸ ਡੈਸਕ - ਵਿਦੇਸ਼ ਤੋਂ ਭਾਰਤ ਆਉਣ ਵਾਲੇ ਯਾਤਰੀਆਂ ਲਈ ਨਵੀਂ ਜਾਣਕਾਰੀ ਸਾਹਮਣੇ ਆਈ ਹੈ। ਇਬੋਲਾ ਵਾਇਰਸ ਦੇ ਖ਼ਤਰੇ ਦੇ ਮੱਦੇਨਜ਼ਰ ਭਾਰਤੀ ਹਵਾਈ ਅੱਡੇ 'ਤੇ ਯਾਤਰੀਆਂ ਦੀ ਸਿਹਤ ਨੂੰ ਲੈ ਕੇ ਚੌਕਸੀ ਵਧਾ ਦਿੱਤੀ ਗਈ ਹੈ। ਹੁਣ ਯੂਏਈ ਸਮੇਤ ਹੋਰ ਦੇਸ਼ਾਂ ਤੋਂ ਭਾਰਤ ਆਉਣ ਵਾਲੇ ਯਾਤਰੀਆਂ ਨੂੰ ਕੁਝ ਮਹੱਤਵਪੂਰਨ ਗੱਲਾਂ ਨੂੰ ਧਿਆਨ ਵਿੱਚ ਰੱਖਣਾ ਹੋਵੇਗਾ। ਆਓ ਨਵੇਂ ਨਿਯਮ ਬਾਰੇ ਜਾਣੀਏ

ਇਕ ਨਿਊਜ਼ ਵੈਬਸਾਈਟ ਦੀ ਰਿਪੋਰਟ ਅਨੁਸਾਰ, ਯੂਏਈ ਤੋਂ ਭਾਰਤ ਆਉਣ ਵਾਲੇ ਸਾਰੇ ਯਾਤਰੀਆਂ ਲਈ ਏਅਰ ਸੁਵਿਧਾ ਸਵੈ-ਘੋਸ਼ਣਾ ਫਾਰਮ ਭਰਨਾ ਲਾਜ਼ਮੀ ਕਰ ਦਿੱਤਾ ਗਿਆ ਹੈ। ਇਹ ਫਾਰਮ ਪਹੁੰਚਣ ਦੇ 24 ਘੰਟਿਆਂ ਦੇ ਅੰਦਰ ਔਨਲਾਈਨ ਜਮ੍ਹਾ ਕਰਨਾ ਲਾਜ਼ਮੀ ਹੈ। ਯਾਤਰੀ ਨੂੰ ਕਿਸੇ ਵੀ ਆਧਾਰ 'ਤੇ ਕੋਈ ਛੋਟ ਨਹੀਂ ਦਿੱਤੀ ਗਈ ਹੈ।

ਯੂਏਈ ਤੋਂ ਭਾਰਤ ਆਉਣ ਵਾਲੇ ਸਾਰੇ ਯਾਤਰੀਆਂ ਲਈ ਏਅਰ ਸੁਵਿਧਾ ਸਵੈ-ਘੋਸ਼ਣਾ ਫਾਰਮ ਭਰਨਾ ਲਾਜ਼ਮੀ ਕਰ ਦਿੱਤਾ ਗਿਆ ਹੈ। ਇਹ ਫਾਰਮ ਪਹੁੰਚਣ ਦੇ 24 ਘੰਟਿਆਂ ਦੇ ਅੰਦਰ ਔਨਲਾਈਨ ਜਮ੍ਹਾ ਕਰਨਾ ਲਾਜ਼ਮੀ ਹੈ। ਯਾਤਰੀ ਨੂੰ ਕਿਸੇ ਵੀ ਆਧਾਰ 'ਤੇ ਕੋਈ ਛੋਟ ਨਹੀਂ ਦਿੱਤੀ ਗਈ ਹੈ।

ਇਹ ਨਿਯਮ ਸਾਰੇ ਅੰਤਰਰਾਸ਼ਟਰੀ ਯਾਤਰੀਆਂ 'ਤੇ ਲਾਗੂ ਹੁੰਦਾ ਹੈ, ਜਿਸ ਵਿੱਚ ਭਾਰਤੀ ਪਾਸਪੋਰਟ ਧਾਰਕ, ਓਵਰਸੀਜ਼ ਸਿਟੀਜ਼ਨ ਆਫ਼ ਇੰਡੀਆ (OCI) ਕਾਰਡ ਧਾਰਕ ਅਤੇ ਵਿਦੇਸ਼ੀ ਪਾਸਪੋਰਟ ਵਾਲੇ ਯਾਤਰੀ ਸ਼ਾਮਲ ਹਨ।

— Shamsher Singh

TRAVEL

ਵਿਦੇਸ਼ ਤੋਂ ਭਾਰਤ ਆਉਣ ਵਾਲੇ ਯਾਤਰੀਆਂ ਲਈ Advisory ਜਾਰੀ, ਭਰਨਾ ਹੋਵੇਗਾ ਏਅਰ ਸੁਵਿਧਾ ਫਾਰਮ



ਵਿਦੇਸ਼ ਤੋਂ ਭਾਰਤ ਆਉਣ ਵਾਲੇ ਯਾਤਰੀਆਂ ਲਈ Advisory ਜਾਰੀ, ਭਰਨਾ ਹੋਵੇਗਾ ਏਅਰ ਸੁਵਿਧਾ ਫਾਰਮ

Tuesday, Nov 03, 2026।

ਬਿਜ਼ਨੈੱਸ ਡੈਸਕ - ਵਿਦੇਸ਼ ਤੋਂ ਭਾਰਤ ਆਉਣ ਵਾਲੇ ਯਾਤਰੀਆਂ ਲਈ ਨਵੀਂ ਜਾਣਕਾਰੀ ਸਾਹਮਣੇ ਆਈ ਹੈ। ਇਬੋਲਾ ਵਾਇਰਸ ਦੇ ਖ਼ਤਰੇ ਦੇ ਮੱਦੇਨਜ਼ਰ ਭਾਰਤੀ ਹਵਾਈ ਅੱਡੇ 'ਤੇ ਯਾਤਰੀਆਂ ਦੀ ਸਿਹਤ ਨੂੰ ਲੈ ਕੇ ਚੌਕਸੀ ਵਧਾ ਦਿੱਤੀ ਗਈ ਹੈ। ਹੁਣ ਯੂਏਈ ਸਮੇਤ ਹੋਰ ਦੇਸ਼ਾਂ ਤੋਂ ਭਾਰਤ ਆਉਣ ਵਾਲੇ ਯਾਤਰੀਆਂ ਨੂੰ ਕੁਝ ਮਹੱਤਵਪੂਰਨ ਗੱਲਾਂ ਨੂੰ ਧਿਆਨ ਵਿੱਚ ਰੱਖਣਾ ਹੋਵੇਗਾ। ਆਓ ਨਵੇਂ ਨਿਯਮ ਬਾਰੇ ਜਾਣੀਏ

ਇਕ ਨਿਊਜ਼ ਵੈਬਸਾਈਟ ਦੀ ਰਿਪੋਰਟ ਅਨੁਸਾਰ, ਯੂਏਈ ਤੋਂ ਭਾਰਤ ਆਉਣ ਵਾਲੇ ਸਾਰੇ ਯਾਤਰੀਆਂ ਲਈ ਏਅਰ ਸੁਵਿਧਾ ਸਵੈ-ਘੋਸ਼ਣਾ ਫਾਰਮ ਭਰਨਾ ਲਾਜ਼ਮੀ ਕਰ ਦਿੱਤਾ ਗਿਆ ਹੈ। ਇਹ ਫਾਰਮ ਪਹੁੰਚਣ ਦੇ 24 ਘੰਟਿਆਂ ਦੇ ਅੰਦਰ ਔਨਲਾਈਨ ਜਮ੍ਹਾ ਕਰਨਾ ਲਾਜ਼ਮੀ ਹੈ। ਯਾਤਰੀ ਨੂੰ ਕਿਸੇ ਵੀ ਆਧਾਰ 'ਤੇ ਕੋਈ ਛੋਟ ਨਹੀਂ ਦਿੱਤੀ ਗਈ ਹੈ।

ਇਹ ਨਿਯਮ ਸਾਰੇ ਅੰਤਰਰਾਸ਼ਟਰੀ ਯਾਤਰੀਆਂ 'ਤੇ ਲਾਗੂ ਹੁੰਦਾ ਹੈ, ਜਿਸ ਵਿੱਚ ਭਾਰਤੀ ਪਾਸਪੋਰਟ ਧਾਰਕ, ਓਵਰਸੀਜ਼ ਸਿਟੀਜ਼ਨ ਆਫ਼ ਇੰਡੀਆ (OCI) ਕਾਰਡ ਧਾਰਕ ਅਤੇ ਵਿਦੇਸ਼ੀ ਪਾਸਪੋਰਟ ਵਾਲੇ ਯਾਤਰੀ ਸ਼ਾਮਲ ਹਨ।

— Shamsher Singh

CRIME

ਰੋਪੜ ਵਿੱਚ ਸਪਲੈਂਡਰ ਦੁਕਾਨ 'ਤੇ ਚੋਰਾਂ ਦਾ ਆਤੰਕ



ਰੋਪੜ, ਪੰਜਾਬ ਵਿੱਚ ਸਪਲੈਂਡਰ ਨਾਮਕ ਦੁਕਾਨ 'ਤੇ ਚੋਰਾਂ ਨੇ ਹਮਲਾ ਕੀਤਾ, ਜਿਸ ਨਾਲ ਇਲਾਕੇ ਵਿੱਚ ਆਤੰਕ ਫੈਲ ਗਿਆ।

ਇਸ ਹਮਲੇ ਕਾਰਨ ਵਪਾਰੀਆਂ ਅਤੇ ਗਾਹਕਾਂ ਵਿੱਚ ਡਰ ਅਤੇ ਚਿੰਤਾ ਪੈਦਾ ਹੋਈ।

ਸਥਾਨਕ ਸਮੁਦਾਇ ਨੇ ਇਸ ਘਟਨਾ 'ਤੇ ਗਹਿਰਾ ਅਫਸੋਸ ਜਤਾਇਆ ਅਤੇ ਸੁਰੱਖਿਆ ਦੀ ਮੰਗ ਕੀਤੀ।

— Jimmy Ropar

POLITICS

ਗੁੰਡਾਗਰਦੀ ਤੋਂ ਤੰਗ ਜੀਵਨਲੀਲਾ ਸਮਾਪਤ ਕਰਨ ਵਾਲੀ ਲੜਕੀ ਦੇ ਪੀੜਤ ਪਰਿਵਾਰ ਨਾਲ ਡਟੇ ਭਾਜਪਾ ਆਗੂ ਗੁਰਦੇਵ ਸ਼ਰਮਾ ਦੇਬੀ



ਗੁੰਡਾਗਰਦੀ ਤੋਂ ਤੰਗ ਜੀਵਨਲੀਲਾ ਸਮਾਪਤ ਕਰਨ ਵਾਲੀ ਲੜਕੀ ਦੇ ਪੀੜਤ ਪਰਿਵਾਰ ਨਾਲ ਡਟੇ ਭਾਜਪਾ ਆਗੂ ਗੁਰਦੇਵ ਸ਼ਰਮਾ ਦੇਬੀ

ਸ਼ਹਿਰ ਦੀ ਕਾਨੂੰਨ ਵਿਵਸਥਾ ’ਤੇ ਚੁੱਕੇ ਸਵਾਲ

ਹਰਚਰਨ ਨਗਰ ਵਿਖੇ ਵਾਪਰੀ ਮੰਦਭਾਗੀ ਘਟਨਾ ਤੋਂ ਬਾਅਦ ਭਾਜਪਾ ਦੇ ਹਲਕਾ ਕੇਂਦਰੀ ਇੰਚਾਰਜ ਗੁਰਦੇਵ ਸ਼ਰਮਾ ਦੇਬੀ ਪੀੜਤ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਪਹੁੰਚੇ। ਇਸ ਮੌਕੇ ਉਨ੍ਹਾਂ ਨੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਸ਼ਹਿਰ ਦੀ ਵਿਗੜ ਰਹੀ ਕਾਨੂੰਨ ਵਿਵਸਥਾ ’ਤੇ ਗੰਭੀਰ ਸਵਾਲ ਖੜ੍ਹੇ ਕੀਤੇ।

ਗੁਰਦੇਵ ਸ਼ਰਮਾ ਦੇਬੀ ਨੇ ਕਿਹਾ ਕਿ ਇਹ ਬੇਹੱਦ ਦੁਖਦਾਈ ਅਤੇ ਚਿੰਤਾਜਨਕ ਘਟਨਾ ਹੈ ਕਿ ਇਲਾਕੇ ਦੀ ਇੱਕ ਧੀ ਨੂੰ ਕਥਿਤ ਤੌਰ ’ਤੇ ਇੱਕ ਨੌਜਵਾਨ ਵੱਲੋਂ ਵਿਆਹ ਲਈ ਲਗਾਤਾਰ ਤੰਗ-ਪਰੇਸ਼ਾਨ ਕੀਤਾ ਜਾ ਰਿਹਾ ਸੀ। ਪਰਿਵਾਰ ਅਨੁਸਾਰ ਬੀਤੇ ਦਿਨੀਂ ਉਕਤ ਨੌਜਵਾਨ ਵੱਲੋਂ ਫਾਇਰਿੰਗ ਵੀ ਕੀਤੀ ਗਈ ਸੀ, ਜਿਸ ਤੋਂ ਬਾਅਦ ਲੜਕੀ ਨੇ ਖ਼ੌਫ਼ਨਾਕ ਕਦਮ ਚੁੱਕਦਿਆਂ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ।

ਉਨ੍ਹਾਂ ਕਿਹਾ ਕਿ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਜਦੋਂ ਪਰਿਵਾਰ ਦੇ ਦੋਸ਼ਾਂ ਅਨੁਸਾਰ ਪਿਛਲੇ ਤਿੰਨ ਮਹੀਨਿਆਂ ਤੋਂ ਪੁਲਿਸ ਅਤੇ ਮੌਜੂਦਾ ਵਿਧਾਇਕ ਪੱਪੀ ਪਰਾਸ਼ਰ ਦੇ ਧਿਆਨ ਵਿੱਚ ਇਹ ਮਾਮਲਾ ਸੀ ਤਾਂ ਸਮੇਂ ਸਿਰ ਕੋਈ ਠੋਸ ਕਾਰਵਾਈ ਕਿਉਂ ਨਹੀਂ ਕੀਤੀ ਗਈ? ਜੇਕਰ ਸਮੇਂ ਸਿਰ ਕਾਰਵਾਈ ਹੋ ਜਾਂਦੀ ਤਾਂ ਸ਼ਾਇਦ ਅੱਜ ਇੱਕ ਧੀ ਦੀ ਜਾਨ ਬਚਾਈ ਜਾ ਸਕਦੀ ਸੀ।

ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅੱਜ ਅਪਰਾਧੀਆਂ ਦੇ ਮਨਾਂ ਵਿੱਚੋਂ ਕਾਨੂੰਨ ਦਾ ਡਰ ਖ਼ਤਮ ਹੁੰਦਾ ਜਾ ਰਿਹਾ ਹੈ। ਜਿਸ ਤਰ੍ਹਾਂ ਦਾ ਮਾਹੌਲ ਪਹਿਲਾਂ ਫ਼ਿਲਮਾਂ ਵਿੱਚ ਦੇਖਣ ਨੂੰ ਮਿਲਦਾ ਸੀ, ਅੱਜ ਉਹ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਰਾਜ ਵਿੱਚ ਹਕੀਕਤ ਬਣਦਾ ਜਾ ਰਿਹਾ ਹੈ।

ਗੁਰਦੇਵ ਸ਼ਰਮਾ ਦੇਬੀ ਨੇ ਮੰਗ ਕੀਤੀ ਕਿ ਇਸ ਮਾਮਲੇ ਦੀ ਨਿਰਪੱਖ ਅਤੇ ਉੱਚ ਪੱਧਰੀ ਜਾਂਚ ਕਰਵਾਈ ਜਾਵੇ, ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਜੇਕਰ ਕਿਸੇ ਵੀ ਪੁਲਿਸ ਅਧਿਕਾਰੀ ਜਾਂ ਕਰਮਚਾਰੀ ਵੱਲੋਂ ਡਿਊਟੀ ਵਿੱਚ ਲਾਪਰਵਾਹੀ ਵਰਤੀ ਗਈ ਹੈ ਤਾਂ ਉਸ ਨੂੰ ਵੀ ਬਖ਼ਸ਼ਿਆ ਨਾ ਜਾਵੇ, ਭਾਵੇਂ ਉਹ ਕਿਸੇ ਵੀ ਉੱਚੇ ਅਹੁਦੇ ’ਤੇ ਕਿਉਂ ਨਾ ਹੋਵੇ।

ਉਨ੍ਹਾਂ ਕਿਹਾ ਕਿ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣਾ ਅਤੇ ਸ਼ਹਿਰ ਦੀਆਂ ਧੀਆਂ-ਭੈਣਾਂ ਦੀ ਸੁਰੱਖਿਆ ਯਕੀਨੀ ਬਣਾਉਣਾ ਸਰਕਾਰ ਅਤੇ ਪ੍ਰਸ਼ਾਸਨ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ।

— Jaspreet singh, Ludhiana

DEFENCE

ਦੀਵਾਲੀ 'ਤੇ ਕਰਮਚਾਰੀਆਂ ਦੀਆਂ ਛੁੱਟੀਆਂ ਰੱਦ ! ਫਾਇਰ ਵਿਭਾਗ ਦਾ ਵੱਡਾ ਫ਼ੈਸਲ, ਚੰਬਾ 'ਚ ਹਾਈ ਅਲਰਟ



ਦੀਵਾਲੀ 'ਤੇ ਕਰਮਚਾਰੀਆਂ ਦੀਆਂ ਛੁੱਟੀਆਂ ਰੱਦ ! ਫਾਇਰ ਵਿਭਾਗ ਦਾ ਵੱਡਾ ਫ਼ੈਸਲ, ਚੰਬਾ 'ਚ ਹਾਈ ਅਲਰਟ

Tuesday, Nov 03, 2026।

ਨੈਸ਼ਨਲ ਡੈਸਕ : ਦੀਵਾਲੀ ਦੌਰਾਨ ਪਟਾਕਿਆਂ ਤੇ ਹੋਰ ਕਾਰਨਾਂ ਕਰਕੇ ਅੱਗ ਲੱਗਣ ਦੀ ਸੰਭਾਵਨਾ ਨੂੰ ਦੇਖਦੇ ਹੋਏ ਚੰਬਾ ਫਾਇਰ ਵਿਭਾਗ ਨੇ ਸੁਰੱਖਿਆ ਨੂੰ ਹੋਰ ਸਖ਼ਤ ਕਰ ਦਿੱਤਾ ਹੈ। ਤਿਉਹਾਰ ਦੌਰਾਨ ਕਿਸੇ ਵੀ ਐਮਰਜੈਂਸੀ ਦੀ ਤਿਆਰੀ ਲਈ ਵਿਭਾਗ ਨੇ ਸਾਰੇ 26 ਕਰਮਚਾਰੀਆਂ ਦੀਆਂ ਛੁੱਟੀਆਂ ਰੱਦ ਕਰ ਦਿੱਤੀਆਂ ਹਨ। ਇਸ ਤੋਂ ਇਲਾਵਾ ਕਰਮਚਾਰੀਆਂ ਨੂੰ ਹਰ ਸਮੇਂ ਸੁਚੇਤ ਰਹਿਣ ਦੇ ਨਿਰਦੇਸ਼ ਦਿੱਤੇ ਗਏ ਹਨ ਤਾਂ ਜੋ ਕਿਸੇ ਵੀ ਅੱਗ ਦੀ ਘਟਨਾ ਨਾਲ ਤੁਰੰਤ ਨਜਿੱਠਿਆ ਜਾ ਸਕੇ।

ਆਮ ਤੌਰ 'ਤੇ ਫਾਇਰ ਵਿਭਾਗ ਵਿੱਚ ਸਿਰਫ 8 ਤੋਂ 10 ਕਰਮਚਾਰੀ ਤਾਇਨਾਤ ਹੁੰਦੇ ਹਨ ਪਰ ਦੀਵਾਲੀ ਦੇ ਮੱਦੇਨਜ਼ਰ ਸਾਰੇ 26 ਕਰਮਚਾਰੀ ਡਿਊਟੀ 'ਤੇ ਹੋਣਗੇ। ਕਰਮਚਾਰੀਆਂ ਦੇ ਡਿਊਟੀ ਘੰਟੇ ਅਗਲੇ ਦਿਨ ਸ਼ਾਮ 4 ਵਜੇ ਤੋਂ ਸਵੇਰੇ 8 ਵਜੇ ਤੱਕ ਨਿਰਧਾਰਤ ਕੀਤੇ ਗਏ ਹਨ। ਇਨ੍ਹਾਂ ਵਿੱਚ ਮੋਹਰੀ ਫਾਇਰਮੈਨ, ਡਰਾਈਵਰ ਅਤੇ ਹਾਊਸ ਗਾਰਡ ਸ਼ਾਮਲ ਹਨ। ਵਿਭਾਗ ਨੇ ਐਮਰਜੈਂਸੀ ਲਈ ਤਿਆਰ ਕਰਨ ਲਈ ਸਾਰੇ ਅੱਗ ਬੁਝਾਊ ਵਾਹਨਾਂ ਦੀ ਮੁਰੰਮਤ ਅਤੇ ਜਾਂਚ ਕੀਤੀ ਹੈ।

— Shamsher Singh

ਰੋਪੜ ਵਿੱਚ ਸਪਲੈਂਡਰ ਦੁਕਾਨ 'ਤੇ ਚੋਰਾਂ ਦਾ ਆਤੰਕ



ਰੋਪੜ, ਪੰਜਾਬ ਵਿੱਚ ਸਪਲੈਂਡਰ ਨਾਮਕ ਦੁਕਾਨ 'ਤੇ ਚੋਰਾਂ ਨੇ ਹਮਲਾ ਕੀਤਾ, ਜਿਸ ਨਾਲ ਇਲਾਕੇ ਵਿੱਚ ਆਤੰਕ ਫੈਲ ਗਿਆ।

ਇਸ ਹਮਲੇ ਕਾਰਨ ਵਪਾਰੀਆਂ ਅਤੇ ਗਾਹਕਾਂ ਵਿੱਚ ਡਰ ਅਤੇ ਚਿੰਤਾ ਪੈਦਾ ਹੋਈ।

ਸਥਾਨਕ ਸਮੁਦਾਇ ਨੇ ਇਸ ਘਟਨਾ 'ਤੇ ਗਹਿਰਾ ਅਫਸੋਸ ਜਤਾਇਆ ਅਤੇ ਸੁਰੱਖਿਆ ਦੀ ਮੰਗ ਕੀਤੀ।

— Jimmy Ropar

POLITICS

ਪੰਜਾਬ ਕਾਂਗਰਸ ਦੇ ਆਗੂ ਨੂੰ ਨੋਟਿਸ ਜਾਰੀ, 3 ਦਿਨਾਂ ਅੰਦਰ ਮੰਗਿਆ ਗਿਆ ਜਵਾਬ



ਪੰਜਾਬ ਕਾਂਗਰਸ ਦੇ ਆਗੂ ਨੂੰ ਨੋਟਿਸ ਜਾਰੀ, 3 ਦਿਨਾਂ ਅੰਦਰ ਮੰਗਿਆ ਗਿਆ ਜਵਾਬ

Tuesday, Nov 03, 2026 ।

ਚੰਡੀਗੜ੍ਹ: ਅਨੁਸ਼ਾਸਨਹੀਣਤਾ ਵਿਰੁੱਧ ਸਖ਼ਤੀ ਦਿਖਾਉਂਦਿਆਂ ਪੰਜਾਬ ਕਾਂਗਰਸ ਵੱਲੋਂ ਬਰਿੰਦਰ ਸਿੰਘ ਢਿੱਲੋਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਗਿਆ ਹੈ। ਬਰਿੰਦਰ ਸਿੰਘ ਢਿੱਲੋਂ 'ਤੇ ਰਣਜੀਤ ਸਿੰਘ ਤਰਖਾਣਮਾਜਰਾ ਨਾਲ ਬਦਸਲੂਕੀ ਕਰਨ ਦੇ ਦੋਸ਼ ਲੱਗੇ ਸਨ। ਇਸ ਮਾਮਲੇ ਵਿਚ ਅਨੁਸ਼ਾਸਨੀ ਕਮੇਟੀ ਦੇ ਚੇਅਰਮੈਨ ਅਵਤਾਰ ਹੈਨਰੀ ਵੱਲੋਂ ਬਰਿੰਦਰ ਸਿੰਘ ਢਿੱਲੋਂ ਨੂੰ ਨੋਟਿਸ ਜਾਰੀ ਕਰ ਕੇ ਤਿੰਨ ਦਿਨਾਂ ਦੇ ਅੰਦਰ-ਅੰਦਰ ਆਪਣਾ ਜਵਾਬ ਦੇਣ ਲਈ ਆਖ਼ਿਆ ਗਿਆ ਹੈ।

ਜਾਣਕਾਰੀ ਮੁਤਾਬਕ, ਕੁਝ ਦਿਨ ਪਹਿਲਾਂ ਚੰਡੀਗੜ੍ਹ ਸਥਿਤ ਕਾਂਗਰਸ ਭਵਨ ਵਿਚ ਬਰਿੰਦਰ ਸਿੰਘ ਢਿੱਲੋਂ ਅਤੇ ਰਣਜੀਤ ਸਿੰਘ ਤਰਖਾਣਮਾਜਰਾ ਵਿਚਾਲੇ ਵਿਵਾਦ ਹੋ ਗਿਆ ਸੀ। ਇਸ ਮਾਮਲੇ ਵਿਚ ਸਖ਼ਤ ਰੁਖ ਦਿਖਾਉਂਦਿਆਂ ਕਾਂਗਰਸ ਦੀ ਅਨੁਸ਼ਾਸਨੀ ਕਮੇਟੀ ਦੇ ਚੇਅਰਮੈਨ ਅਵਤਾਰ ਹੈਨਰੀ ਵੱਲੋਂ ਬਰਿੰਦਰ ਢਿੱਲੋਂ ਨੂੰ ਨੋਟਿਸ ਜਾਰੀ ਕਰ ਕੇ ਆਪਣਾ ਪੱਖ ਰੱਖਣ ਲਈ ਆਖ਼ਿਆ ਗਿਆ ਹੈ ਤੇ ਉਸ ਮਗਰੋਂ ਜੋ ਵੀ ਦੋਸ਼ੀ ਪਾਇਆ ਗਿਆ, ਉਸ ਖ਼ਿਲਾਫ਼ ਬਣਦੀ ਕਾਰਵਾਈ ਵੀ ਕੀਤੀ ਜਾ ਸਕਦੀ ਹੈ।

— Shamsher Singh

LIFESTYLE

SIR ਮਗਰੋਂ ਵੋਟਰ ਸੂਚੀ ''ਚੋਂ ਨਾਂ ਕੱਟੇ ਜਾਣ ਵਾਲਿਆਂ ਲਈ ਵੱਡੀ ਖ਼ਬਰ ! ਚੋਣ ਕਮਿਸ਼ਨ ਨੇ ਲਿਆ ਇਹ ਫ਼ੈਸਲਾ



SIR ਮਗਰੋਂ ਵੋਟਰ ਸੂਚੀ ''ਚੋਂ ਨਾਂ ਕੱਟੇ ਜਾਣ ਵਾਲਿਆਂ ਲਈ ਵੱਡੀ ਖ਼ਬਰ ! ਚੋਣ ਕਮਿਸ਼ਨ ਨੇ ਲਿਆ ਇਹ ਫ਼ੈਸਲਾ

Tuesday, Nov 03, 2026 ।

ਨਵੀਂ ਦਿੱਲੀ: ਭਾਰਤ ਚੋਣ ਕਮਿਸ਼ਨ ਨੇ ਵਿਸ਼ੇਸ਼ ਗਹਿਣ ਪੁਨਰੀਖਣ (SIR) ਦੇ ਤਹਿਤ ਫਾਰਮ-6 ਨੂੰ ਲੈ ਕੇ ਫੈਲੇ ਭੁਲੇਖੇ ਤੇ ਡਰ ਨੂੰ ਦੂਰ ਕਰਦਿਆਂ ਇੱਕ ਵੱਡਾ ਸਪੱਸ਼ਟੀਕਰਨ ਜਾਰੀ ਕੀਤਾ ਹੈ। ਚੋਣ ਕਮਿਸ਼ਨ ਨੇ ਸਾਫ਼ ਕੀਤਾ ਹੈ ਕਿ ਜਿਨ੍ਹਾਂ ਪੁਰਾਣੇ ਵੋਟਰਾਂ ਦਾ ਨਾਂ ਡਰਾਫਟ ਵੋਟਰ ਲਿਸਟ ਵਿੱਚ ਸ਼ਾਮਲ ਨਹੀਂ ਹੈ, ਉਹ ਬਿਨਾਂ ਕਿਸੇ ਝਿਜਕ ਦੇ ਫਾਰਮ-6 ਭਰ ਸਕਦੇ ਹਨ ਅਤੇ ਇਸ ਨੂੰ ਝੂਠਾ ਐਲਾਨ ਨਹੀਂ ਮੰਨਿਆ ਜਾਵੇਗਾ।

SIR ਦੌਰਾਨ ਪ੍ਰਕਾਸ਼ਿਤ ਡਰਾਫਟ ਵੋਟਰ ਸੂਚੀ ਵਿੱਚੋਂ ਕਈ ਪੁਰਾਣੇ ਵੋਟਰਾਂ ਦੇ ਨਾਂ ਗਾਇਬ ਸਨ। ਫਾਰਮ-6 ਵਿੱਚ ਇਹ ਐਲਾਨ ਕਰਨਾ ਹੁੰਦਾ ਹੈ ਕਿ "ਮੇਰਾ ਨਾਂ ਪਹਿਲੀ ਵਾਰ ਵੋਟਰ ਸੂਚੀ ਵਿੱਚ ਸ਼ਾਮਲ ਹੋ ਰਿਹਾ ਹੈ"। ਇਸ ਕਰਕੇ ਪੁਰਾਣੇ ਵੋਟਰਾਂ ਨੂੰ ਡਰ ਸੀ ਕਿ ਜੇਕਰ ਉਹ ਇਹ ਫਾਰਮ ਭਰਦੇ ਹਨ ਤਾਂ ਲੋਕ ਪ੍ਰਤੀਨਿਧਤਾ ਐਕਟ, 1950 ਦੀ ਧਾਰਾ 31 ਤਹਿਤ ਉਨ੍ਹਾਂ 'ਤੇ ਝੂਠਾ ਬਿਆਨ ਦੇਣ ਦੇ ਦੋਸ਼ ਹੇਠ ਕੇਸ ਚਲਾਇਆ ਜਾ ਸਕਦਾ ਹੈ।

ਕਮਿਸ਼ਨ ਨੇ ਹਦਾਇਤ ਦਿੱਤੀ ਹੈ ਕਿ ਜਿਸ ਵੀ ਵਿਅਕਤੀ ਦਾ ਨਾਂ ਡਰਾਫਟ ਰੋਲ ਵਿੱਚ ਨਹੀਂ ਹੈ, ਉਸ ਨੂੰ SIR ਦੇ ਤਹਿਤ ਜਾਂ ਉਸ ਤੋਂ ਬਾਅਦ ਨਵੇਂ ਸਿਰੇ ਤੋਂ ਫਾਰਮ-6 ਭਰ ਕੇ ਨਾਂ ਜੁੜਵਾਉਣਾ ਹੀ ਪਵੇਗਾ, ਚਾਹੇ ਉਹ ਪਹਿਲਾਂ ਕਿੰਨੀ ਵੀ ਵਾਰ ਵੋਟਰ ਰਿਹਾ ਹੋਵੇ। ਚੋਣ ਰਜਿਸਟ੍ਰੇਸ਼ਨ ਅਧਿਕਾਰੀਆਂ (ERO) ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਸਿਰਫ਼ ਇਸ ਆਧਾਰ 'ਤੇ ਧਾਰਾ 31 ਤਹਿਤ ਕੋਈ ਕਾਨੂੰਨੀ ਕੇਸ ਦਰਜ ਨਾ ਕੀਤਾ ਜਾਵੇ ਕਿ ਵੋਟਰ ਪਹਿਲਾਂ ਵੀ ਲਿਸਟ ਵਿੱਚ ਸੀ। ਇਸ ਵਿੱਚ ਸ਼ਰਤ ਸਿਰਫ਼ ਇੰਨੀ ਹੈ ਕਿ ਵੋਟਰ ਦਾ ਨਾਂ ਕਿਸੇ ਹੋਰ ਲੋਕ ਸਭਾ ਜਾਂ ਵਿਧਾਨ ਸਭਾ ਹਲਕੇ ਦੀ ਵੋਟਰ ਲਿਸਟ ਵਿੱਚ ਪਹਿਲਾਂ ਤੋਂ ਮੌਜੂਦ ਨਹੀਂ ਹੋਣਾ ਚਾਹੀਦਾ।

ਇਹ ਸਪੱਸ਼ਟੀਕਰਨ ਦਿੱਲੀ ਹਾਈ ਕੋਰਟ ਦੇ ਨਿਲੋਤਪਲ ਦੱਤਾ ਬਨਾਮ ਚੋਣ ਕਮਿਸ਼ਨ (W.P. No. 14955/2026, ਫੈਸਲਾ 14.10.2026) ਦੇ ਫੈਸਲੇ ਦੇ ਅਨੁਕੂਲ ਜਾਰੀ ਕੀਤਾ ਗਿਆ ਹੈ। ਚੋਣ ਕਮਿਸ਼ਨ ਨੇ ਸਾਰੇ ਰਾਜਾਂ ਦੇ ਮੁੱਖ ਚੋਣ ਅਧਿਕਾਰੀਆਂ (CEOs) ਨੂੰ ਹਦਾਇਤ ਕੀਤੀ ਹੈ ਕਿ ਸਥਾਨਕ ਭਾਸ਼ਾਵਾਂ ਵਿੱਚ ਇਸ ਦਾ ਵਿਆਪਕ ਪ੍ਰਚਾਰ ਕੀਤਾ ਜਾਵੇ ਤਾਂ ਜੋ ਕੋਈ ਵੀ ਯੋਗ ਵੋਟਰ ਵੋਟ ਦੇ ਅਧਿਕਾਰ ਤੋਂ ਵਾਂਝਾ ਨਾ ਰਹੇ।

— Shamsher Singh

POLITICS

ਇੰਨਸਾਫ ਰੈਲੀ ਸੰਗਰੂਰ



ਸਾਬਕਾ ਸਰਪੰਚ ਸਤਪਾਲ ਸਿੰਘ ਜੌਹਲ ਨੇ ਇਲਾਕੇ ਦੀਆਂ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ 4 ਤਰੀਕ ਨੂੰ ਸੰਗਰੂਰ ਵਿਖੇ ਹੋ ਰਹੀ ਕਾਂਗਰਸ ਪਾਰਟੀ ਦੀ ਰੈਲੀ ਵਿੱਚ ਸ਼ਾਮਲ ਹੋ ਕੇ ਪਾਰਟੀ ਪ੍ਰਧਾਨ ਰਾਹੁਲ ਗਾਧੀ ਜੀ ਦੇ ਵਿਚਾਰ ਸੁਣੋ ।

— Parkash singh

ENTERTAINMENT

ਅਸਤੀਫ਼ਾ ਦੇ ਦੇਵਾਂਗਾ, ਪਰ ਮਾਫ਼ੀ ਨਹੀਂ ਮੰਗਾਂਗਾ'', ਦਲੇਰ ਮਹਿੰਦੀ ਵਿਵਾਦ ''ਚ ਮੰਤਰੀ ਦਾ ਵੱਡਾ ਬਿਆਨ



ਅਸਤੀਫ਼ਾ ਦੇ ਦੇਵਾਂਗਾ, ਪਰ ਮਾਫ਼ੀ ਨਹੀਂ ਮੰਗਾਂਗਾ", ਦਲੇਰ ਮਹਿੰਦੀ ਵਿਵਾਦ "ਚ ਮੰਤਰੀ ਦਾ ਵੱਡਾ ਬਿਆਨ

Tuesday, Nov 03, 2026।

ਦੇਹਰਾਦੂਨ : ਪੰਜਾਬੀ ਗਾਇਕ ਦਲੇਰ ਮਹਿੰਦੀ ਨਾਲ ਹੋਏ ਮੰਚ ਵਿਵਾਦ ਨੂੰ ਲੈ ਕੇ ਉੱਤਰਾਖੰਡ ਦੇ ਕੈਬਨਿਟ ਮੰਤਰੀ ਸੁਬੋਧ ਉਨੀਆਲ ਨੇ ਇੱਕ ਵੱਡਾ ਬਿਆਨ ਦਿੱਤਾ ਹੈ, ਜਿਸ ਨਾਲ ਸੂਬੇ ਦੀ ਸਿਆਸਤ ਵਿੱਚ ਮੁੜ ਹਲਚਲ ਤੇਜ਼ ਹੋ ਗਈ ਹੈ। ਮੰਤਰੀ ਉਨੀਆਲ ਨੇ ਸਾਫ਼ ਸ਼ਬਦਾਂ ਵਿੱਚ ਕਿਹਾ ਹੈ ਕਿ ਜੇਕਰ ਪਾਰਟੀ ਹਾਈਕਮਾਂਡ ਉਨ੍ਹਾਂ ਨੂੰ ਦਲੇਰ ਮਹਿੰਦੀ ਤੋਂ ਮਾਫ਼ੀ ਮੰਗਣ ਲਈ ਕਹੇਗੀ, ਤਾਂ ਉਹ ਮਾਫ਼ੀ ਮੰਗਣ ਦੀ ਬਜਾਏ ਮੰਤਰੀ ਅਹੁਦੇ ਤੋਂ ਅਸਤੀਫ਼ਾ ਦੇਣਾ ਪਸੰਦ ਕਰਨਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਲਈ ਮੰਤਰੀ ਦੀ ਕੁਰਸੀ ਨਾਲੋਂ ਆਪਣੀ ਅਣਖ ਅਤੇ ਸਵੈ-ਮਾਣ ਜ਼ਿਆਦਾ ਮਾਇਨੇ ਰੱਖਦਾ ਹੈ।

ਸੁਬੋਧ ਉਨੀਆਲ ਨੇ ਇਹ ਬਿਆਨ ਦੇਹਰਾਦੂਨ ਦੇ ਮਹਾਰਾਣਾ ਪ੍ਰਤਾਪ ਸਪੋਰਟਸ ਕਾਲਜ, ਰਾਏਪੁਰ ਵਿਖੇ ਆਯੋਜਿਤ 35ਵੀਂ ਆਲ ਇੰਡੀਆ ਜੀ.ਵੀ. ਮਾਵਲੰਕਰ ਸ਼ੂਟਿੰਗ ਚੈਂਪੀਅਨਸ਼ਿਪ-2026 ਦੌਰਾਨ ਦਿੱਤਾ। ਸਮਾਗਮ ਦੇ ਮੰਚ ਤੋਂ ਸੰਬੋਧਨ ਕਰਦਿਆਂ ਉਨ੍ਹਾਂ ਖ਼ੁਲਾਸਾ ਕੀਤਾ ਕਿ ਪਾਰਟੀ ਦੇ ਵੱਡੇ ਨੇਤਾਵਾਂ ਨੇ ਉਨ੍ਹਾਂ ਨੂੰ ਮਾਫ਼ੀ ਮੰਗਣ ਦੀ ਸਲਾਹ ਦਿੱਤੀ ਸੀ, ਪਰ ਉਨ੍ਹਾਂ ਨੇ ਅਜਿਹਾ ਕਰਨ ਤੋਂ ਸਾਫ਼ ਇਨਕਾਰ ਕਰ ਦਿੱਤਾ।

ਕੀ ਸੀ ਪੂਰਾ ਵਿਵਾਦ?

ਜਦੋਂ ਟਿਹਰੀ ਦੇ ਨਵੀਂ ਟਿਹਰੀ ਵਿੱਚ 'ਮਾਂ ਕੁੰਜਾਪੁਰੀ ਟੂਰਿਜ਼ਮ ਐਂਡ ਡਿਵੈਲਪਮੈਂਟ ਮੇਲੇ' ਦੌਰਾਨ ਪੰਜਾਬੀ ਗਾਇਕ ਦਲੇਰ ਮਹਿੰਦੀ ਆਪਣੀ ਪੇਸ਼ਕਾਰੀ ਦੇ ਰਹੇ ਸਨ। ਉਸ ਸਮੇਂ ਕੈਬਨਿਟ ਮੰਤਰੀ ਸੁਬੋਧ ਉਨੀਆਲ ਮੰਚ 'ਤੇ ਪਹੁੰਚ ਗਏ ਅਤੇ ਗਾਇਕ ਦੀ ਪੇਸ਼ਕਾਰੀ 'ਤੇ ਨਰਾਜ਼ਗੀ ਜਤਾਉਣ ਲੱਗੇ। ਮੰਤਰੀ ਨੇ ਦਲੇਰ ਮਹਿੰਦੀ 'ਤੇ ਨਸ਼ੇ 'ਚ ਹੋਣ ਅਤੇ ਲਾਈਵ ਗਾਉਣ ਦੀ ਬਜਾਏ ਲਿਪ-ਸਿੰਕ ਕਰਨ ਦੇ ਦੋਸ਼ ਲਗਾਏ ਸਨ। ਉਨ੍ਹਾਂ ਇਹ ਵੀ ਸਵਾਲ ਚੁੱਕਿਆ ਸੀ ਕਿ ਪ੍ਰੋਗਰਾਮ ਲਈ 35 ਲੱਖ ਰੁਪਏ ਦਿੱਤੇ ਗਏ ਹਨ, ਤਾਂ ਫਿਰ ਅਜਿਹਾ ਪ੍ਰਦਰਸ਼ਨ ਕਿਉਂ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਗਾਇਕ ਮਨਿੰਦਰ ਬੁੱਟਰ ਦੇ ਪਿਤਾ ਪ੍ਰਤੀ ਵੀ ਮੰਤਰੀ ਵੱਲੋਂ ਮੰਦਭਾਗੀ ਸ਼ਬਦਾਵਲੀ ਵਰਤਣ ਦੇ ਦੋਸ਼ ਲੱਗੇ ਸਨ।

ਮੰਚ 'ਤੇ ਹੋਈ ਇਸ ਤਿੱਖੀ ਬਹਿਸ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋਣ ਤੋਂ ਬਾਅਦ ਦਲੇਰ ਮਹਿੰਦੀ ਦੇ ਭਰਾ ਤੇ ਮਸ਼ਹੂਰ ਗਾਇਕ ਮੀਕਾ ਸਿੰਘ, ਅਨੁਪਮ ਖੇਰ, ਕਪਿਲ ਸ਼ਰਮਾ ਅਤੇ ਬਾਦਸ਼ਾਹ ਵਰਗੀਆਂ ਸ਼ਖ਼ਸੀਅਤਾਂ ਦਲੇਰ ਮਹਿੰਦੀ ਦੇ ਸਮਰਥਨ ਵਿੱਚ ਉੱਤਰ ਆਈਆਂ ਸਨ ਅਤੇ ਮੰਤਰੀ ਤੋਂ ਮਾਫ਼ੀ ਦੀ ਮੰਗ ਕੀਤੀ ਸੀ। ਮਾਮਲਾ ਵਧਦਾ ਦੇਖ ਕੇ ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਦਲੇਰ ਮਹਿੰਦੀ ਅਤੇ ਮੀਕਾ ਸਿੰਘ ਨਾਲ ਗੱਲਬਾਤ ਕਰਕੇ ਵਿਵਾਦ ਸੁਲਝਾਉਣ ਦੀ ਕੋਸ਼ਿਸ਼ ਕੀਤੀ ਸੀ।

— Shamsher Singh

CRIME

ਸਪੀਡ ਰਿਕਾਰਡਸ ਦੇ ਡਾਇਰੈਕਟਰ ਦੀ ਛੋਟੇ ਪੁੱਤਰ ਸਮੇਤ ਦੋ ਨੌਜਵਾਨਾਂ ਦਾ ਹੋਇਆ ਦਿਹਾਂਤ, ਤਿੰਨ ਦੀ ਹਾਲਤ ਗੰਭੀਰ



ਮੰਦਭਾਗੀ ਖ਼ਬਰ ਇਹ ਹੈ ਕਿ ਸਪੀਡ ਰਿਕਾਰਡਸ ਦੇ ਡਾਇਰੈਕਟਰ ਦਿਨੇਸ਼ ਔਲਖ ਦੇ ਛੋਟੇ ਪੁੱਤਰ ਦੀਵਿਤ ਔਲਖ ਦਾ ਹੋਇਆ ਹੈ ਦਿਹਾਂਤ। ਇਹ ਭਿਆਨਕ ਟ੍ਰੈਫਿਕ ਹਾਦਸਾ ਉਦੋਂ ਵਾਪਰਿਆ ਜਦੋਂ ਪੰਜ ਨੌਜਵਾਨਾਂ ਦੇ ਇੱਕ ਸਮੂਹ ਨੇ ਦੇਰ ਰਾਤ ਪਾਰਟੀ ਕਰਨ ਤੋਂ ਬਾਅਦ ਗੱਡੀ 'ਚ ਬੈਠ ਕੇ ਵਾਪਸ ਆਉਣਾ ਸ਼ੁਰੂ ਕੀਤਾ ਸੀ।

ਹਾਦਸੇ ਦੇ ਸਮੇਂ ਗੱਡੀ ਵਿੱਚ ਕੁੱਲ ਪੰਜ ਨੌਜਵਾਨ ਸਵਾਰ ਸਨ। ਘਟਨਾ ਦੇ ਤੁਰੰਤ ਬਾਅਦ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਪ੍ਰਭਾਵਿਤ ਨੌਜਵਾਨਾਂ ਨੂੰ ਹਸਪਤਾਲ ਭੇਜਿਆ, ਜਿੱਥੇ ਉਨ੍ਹਾਂ ਦੀ ਇਲਾਜ ਦੌਰਾਨ ਮੌਤ ਹੋ ਗਈ।

ਹਾਦਸੇ ਵਿੱਚ ਕੁੱਲ ਦੋ ਨੌਜਵਾਨਾਂ ਦਾ ਦਿਹਾਂਤ ਹੋਇਆ ਹੈ, ਜਿਨ੍ਹਾਂ ਵਿੱਚ ਦਿਵਿਤ ਔਲਖ ਸ਼ਾਮਲ ਹੈ। ਬਾਕੀ ਤਿੰਨ ਨੌਜਵਾਨਾਂ ਦੀ ਹਾਲਤ ਅਜੇ ਵੀ ਗੰਭੀਰ ਬਣੀ ਹੋਈ ਹੈ ਅਤੇ ਉਨ੍ਹਾਂ ਦਾ ਇਲਾਜ ਜਾਰੀ ਹੈ।

— Amandeep Singh

India vs korea semifinal



ਭਾਰਤ ਅਤੇ ਕੋਰੀਆ ਵਿਚਾਲੇ ਏਸ਼ੀਅਨ ਚੈਂਪੀਅਨ ਟਰਾਫੀ ਦਾ ਹੋਵੇਗਾ ਸੈਮੀਫਾਈਨਲ ਮੁਕਾਬਲਾ ।ਕੱਲ ਖੇਡਿਆ ਜਾਵੇਗਾ ਮੈਚ ।

— Parkash singh

POLITICS

ਅਕਾਲੀ ਦਲ ਨੂੰ ਵੱਡਾ ਝਟਕਾ



ਅਕਾਲੀ ਦਲ ਨੂੰ ਵੱਡਾ ਝਟਕਾ ਲੱਗਾ ਦੀਨਾਨਗਰ ਤੋਂ ਸਾਬਕਾ ਹਲਕਾ ਇੰਚਾਰਜ ਰਵੀ ਮੋਹਨ ਹੋਏ ਆਮ ਆਦਮੀ ਪਾਰਟੀ ਵਿੱਚ ਸ਼ਾਮਲ ।

— Parkash singh

ਸਲਾਨਾ ਖੇਡ ਮੁਕਾਬਲਾ ਬਾਬਾ ਈਸ਼ਰ ਸਿੰਘ (ਨ) ਸੀਨੀਅਰ ਸੈਕੰਡਰੀ ਪਬਲਿਕ ਸਕੂਲ ਲੁਧਿਆਣਾ ਵਿਖੇ 2 ਅਤੇ 3 ਨਵੰਬਰ ਨੂੰ ਸਲਾਨਾ ਖੇਡ ਮੁਕਾਬਲਾ (ਐਥਲੈਟਿਕ ਮੀਟ) 2026-2027 ਦਾ ਆਯੋਜਨ ਕੀਤਾ ਗਿਆ ਜਿਸਨੂੰ ਵਿਦਿਆਰਥੀਆਂ ਨੇ ਬਹੁਤ ਹੀ ਉਤਸਾਹ ਅਤੇ ਜੋਸ਼ ਨਾਲ ਮਨਾਇਆ ।



ਸਲਾਨਾ ਖੇਡ ਮੁਕਾਬਲਾ

ਬਾਬਾ ਈਸ਼ਰ ਸਿੰਘ (ਨ) ਸੀਨੀਅਰ ਸੈਕੰਡਰੀ ਪਬਲਿਕ ਸਕੂਲ ਲੁਧਿਆਣਾ ਵਿਖੇ 2 ਅਤੇ 3 ਨਵੰਬਰ ਨੂੰ ਸਲਾਨਾ ਖੇਡ ਮੁਕਾਬਲਾ (ਐਥਲੈਟਿਕ ਮੀਟ) 2026-2027 ਦਾ ਆਯੋਜਨ ਕੀਤਾ ਗਿਆ ਜਿਸਨੂੰ ਵਿਦਿਆਰਥੀਆਂ ਨੇ ਬਹੁਤ ਹੀ ਉਤਸਾਹ ਅਤੇ ਜੋਸ਼ ਨਾਲ ਮਨਾਇਆ ।

ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਅਤੇ ਹੁਨਰ ਨੂੰ ਦਿਖਾਉਂਦੇ ਹੋਏ ਦੌੜਾਂ,ਲੰਬੀ ਛਾਲ, ਜੁੰਬਾ ਡਾਂਸ,ਰੱਸਾਕਸ਼ੀ, ਤਿੰਨ ਲੱਤਾ ਦੀ ਖੇਡ ਅਤੇ ਹੋਰ ਦਿਲਚਸਪ ਮੁਕਾਬਲੇ ਕਰਵਾਏ ਗਏ । ਇਸ ਸਮਾਗਮ ਦੀ ਸ਼ੁਰੂਆਤ ਸ਼ਬਦ ਗਾਇਨ, ਪਰੇਡ , ਖੇਡ ਸਹੁੰ ਅਤੇ ਮਸ਼ਾਲ ਨੂੰ ਜਗਾਉਣ ਨਾਲ ਹੋਈ ।ਇਸ ਤੋਂ ਬਾਅਦ ਪ੍ਰਾਇਮਰੀ ਅਤੇ ਸੀਨੀਅਰ ਵਿੰਗ ਦੇ ਵਿਦਿਆਰਥੀਆਂ ਨੇ ਖੇਡ ਮੈਦਾਨ ਵਿੱਚ ਆਪਣੇ ਹੁਨਰ ਦਿਖਾਏ । ਇਸ ਤੋਂ ਬਾਅਦ ਗਿੱਧਾ ,ਭੰਗੜਾ ਦੀ ਰੰਗਾਰੰਗ ਪੇਸ਼ਕਾਰੀ ਨੇ ਦਰਸ਼ਕਾਂ ਦਾ ਮਨ ਕੀਲ ਲਿਆ । ਇਸ ਸਮਾਗਮ ਵਿੱਚ ਕਰਤਾ ਸੰਤ ਬਾਬਾ ਗੁਰਜੀਤ ਸਿੰਘ ਨਾਨਕਸਰ ਕਲੇਰਾ , ਬਾਬਾ ਬਲਜੀਤ ਸਿੰਘ ਜੀ, ਡਾ ਪਰਮਜੀਤ ਸਿੰਘ ਚਾਹਲ ਜੀ ਪ੍ਰਧਾਨ, ਟਰੱਸਟ ਦੇ ਸਤਿਕਾਰਯੋਗ ਮੈਂਬਰ ਸ. ਗੁਰਪਿੰਦਰ ਸਿੰਘ ਜੀ ਅਤੇ ਸਰਦਾਰ ਜਸਬੀਰ ਸਿੰਘ ਜੀ ਦੇ ਨਾਲ - ਨਾਲ ਵੱਖ - ਵੱਖ ਸੰਸਥਾਵਾਂ ਦੇ ਸਤਿਕਾਯੋਗ ਪ੍ਰਿੰਸੀਪਲ ਸਾਹਿਬਾਨਾਂ ਨੇ ਸ਼ਿਰਕਤ ਕੀਤੀ । ਉਹਨਾਂ ਦੀ ਮੌਜੂਦਗੀ ਅਤੇ ਹੌਂਸਲਾ ਅਫ਼ਜਾਈ ਨੇ ਇਸ ਸਮਾਗਮ ਨੂੰ ਚਾਰ ਚੰਨ ਲਗਾ ਦਿੱਤੇ ਅਤੇ ਵਿਦਿਆਰਥੀਆਂ ਨੂੰ ਬਹੁਤ ਪ੍ਰੇਰਿਤ ਕੀਤਾ । ਇਹ ਖੇਡ ਮੁਕਾਬਲੇ ਵਿਦਿਆਰਥੀਆਂ ਵਿੱਚ ਖੇਡ ਭਾਵਨਾ , ਹੁਨਰ , ਲਗਨ ਅਤੇ ਅਨੁਸ਼ਾਸਨ ਦੀ ਨੀਂਹ ਨੂੰ ਹੋਰ ਮਜ਼ਬੂਤ ਕਰਦੇ ਹਨ ।

POLITICS

ਸ ਸਰਵਨ ਸਿੰਘ ਧੁੰਨ ਨੇ 2027 ਦੀਆਂ ਚੋਣਾਂ ਵਿੱਚ ਦੁਬਾਰਾ ਜਿੱਤ ਦਾ ਕੀਤਾ ਦਾਅਵਾ ।



ਹਲਕਾ ਖੇਮਕਰਨ ਤੋਂ ਵਿਧਾਇਕ ਸਰਦਾਰ ਸਰਵਨ ਸਿੰਘ ਧੁੰਨ ਨੇ ਪਾਰਟੀ ਵੱਲੋਂ ਦੋਬਾਰਾ ਟਿਕਟ ਦਿੱਤੇ ਜਾਣ ਤੇ ਗੁਰੂ ਘਰ ਜਾ ਕੇ ਸ਼ੁਕਰਾਨਾ ਕੀਤਾ ।

ਉਨ੍ਹਾਂ ਕਿਹਾ ਕਿ ਪਾਰਟੀ ਹਾਈ ਕਮਾਂਡ ਦਾ ਉਹ ਤਹਿ ਦਿਲੋਂ ਧੰਨਵਾਦ ਕਰਦੇ ਹਨ ਜਿਨ੍ਹਾਂ ਨੇ ਉਨ੍ਹਾਂ ਨੂੰ ਦੁਬਾਰਾ ਟਿਕਟ ਦੇ ਕੇ ਨਵਾਜਿਆ ਉਨ੍ਹਾਂ ਕਿਹਾ ਕਿ ਉਹ ਪਾਰਟੀ ਹਾਈ ਕਮਾਂਡ ਦੇ ਭਰੋਸੇ ਨੂੰ ਕਾਇਮ ਰੱਖਦੇ ਹੋਏ ਹਲਕੇ ਵਿੱਚੋਂ ਦੁਬਾਰਾ ਜਿੱਤ ਪ੍ਰਾਪਤ ਕਰਨਗੇ ।ਉਨ੍ਹਾਂ ਕਿਹਾ ਕਿ ਹਰ ਵਰਗ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੇ ਬਹੁਤ ਖੁਸ਼ ਹੈ ਹਰ ਕੋਈ ਦੁਬਾਰਾ ਸਰਦਾਰ ਭਗਵੰਤ ਸਿੰਘ ਮਾਨ ਨੂੰ ਪੰਜਾਬ ਦਾ ਮੁੱਖ ਮੰਤਰੀ ਬਣਾਉਣਾ ਚਾਹੁੰਦਾ ਹੈ ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਚੋਣਾਂ ਤੋਂ ਪਹਿਲਾਂ ਜਿਨ੍ਹੇ ਵਾਅਦੇ ਕੀਤੇ ਸੀ ਉਹ ਸਾਰੇ ਵਾਅਦੇ ਪੂਰੇ ਕੀਤੇ ਹਨ ।

— Parkash singh

ਇੰਸਪੈਕਟਰ ਜਸਵੀਰ ਸਿੰਘ ਪਦਉਨਤ ਬਣੇ ਡੀਐਸਪੀ



ਸ੍ਰੀ ਮੁਕਤਸਰ ਸਾਹਿਬ ਪੁਲਿਸ ਵਿੱਚ ਲੰਬੇ ਸਮੇਂ ਤੋਂ ਨਿਭਾ ਰਹੇ ਸਨ ਆਪਣੀਆਂ ਸੇਵਾਵਾਂ

ਪੁਲਿਸ ਵਿੱਚ ਆਪਣੀਆਂ ਸੇਵਾਵਾਂ ਨਿਭਾ ਰਹੇ ਇੰਸਪੈਕਟਰ ਜਸਵੀਰ ਸਿੰਘ ਨੂੰ ਉਨ੍ਹਾਂ ਦੀਆਂ ਲੰਬੀਆਂ, ਮਿਹਨਤੀ ਅਤੇ ਸਮਰਪਿਤ ਪੁਲਿਸ ਸੇਵਾਵਾਂ ਦੇ ਮੱਦੇਨਜ਼ਰ ਮਾਨਯੋਗ ਡੀਜੀਪੀ ਪੰਜਾਬ ਵੱਲੋਂ ਡਿਪਟੀ ਸੁਪਰਡੈਂਟ ਆਫ਼ ਪੁਲਿਸ (ਡੀਐਸਪੀ) ਦੇ ਅਹੁਦੇ ’ਤੇ ਪਦਉਨਤ ਕੀਤਾ ਗਿਆ ਹੈ।

ਇੰਸਪੈਕਟਰ ਜਸਵੀਰ ਸਿੰਘ ਸਾਲ 1999 ਵਿੱਚ ਬਤੌਰ ਏਐਸਆਈ ਪੰਜਾਬ ਪੁਲਿਸ ਵਿੱਚ ਭਰਤੀ ਹੋਏ ਸਨ। ਆਪਣੀ ਮਿਹਨਤ, ਲਗਨ ਅਤੇ ਤਜਰਬੇ ਦੇ ਆਧਾਰ ’ਤੇ ਉਹ ਸਾਲ 2010 ਵਿੱਚ ਸਬ-ਇੰਸਪੈਕਟਰ ਅਤੇ ਸਾਲ 2015 ਵਿੱਚ ਇੰਸਪੈਕਟਰ ਦੇ ਅਹੁਦੇ ’ਤੇ ਪਦਉਨਤ ਹੋਏ। ਆਪਣੇ ਪੁਲਿਸ ਕਰੀਅਰ ਦੌਰਾਨ ਉਨ੍ਹਾਂ ਵੱਲੋਂ ਜ਼ਿਲ੍ਹਾ ਫਿਰੋਜ਼ਪੁਰ, ਮੋਗਾ, ਫਰੀਦਕੋਟ ਅਤੇ ਸ੍ਰੀ ਮੁਕਤਸਰ ਸਾਹਿਬ ਵਿੱਚ ਵੱਖ-ਵੱਖ ਥਾਣਿਆਂ ਵਿਖੇ ਬਤੌਰ ਮੁੱਖ ਅਫ਼ਸਰ ਥਾਣਾ (SHO) ਆਪਣੀ ਡਿਊਟੀ ਤਨਦੇਹੀ ਅਤੇ ਜ਼ਿੰਮੇਵਾਰੀ ਨਾਲ ਨਿਭਾਈ ਗਈ।

ਇੰਸਪੈਕਟਰ ਜਸਵੀਰ ਸਿੰਘ ਵੱਲੋਂ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਵਿੱਚ ਵੀ ਵੱਖ-ਵੱਖ ਅਹਿਮ ਜ਼ਿੰਮੇਵਾਰੀਆਂ ਨਿਭਾਉਂਦਿਆਂ ਕਾਨੂੰਨ ਵਿਵਸਥਾ ਬਣਾਈ ਰੱਖਣ, ਅਪਰਾਧਾਂ ’ਤੇ ਕਾਬੂ ਪਾਉਣ ਅਤੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਆਪਣੀਆਂ ਸੇਵਾਵਾਂ ਦਿੱਤੀਆਂ ਗਈਆਂ। ਪਦਉਨਤੀ ਤੋਂ ਪਹਿਲਾਂ ਉਹ ਥਾਣਾ ਲੰਬੀ ਵਿਖੇ ਮੁੱਖ ਅਫ਼ਸਰ ਥਾਣਾ (SHO) ਵਜੋਂ ਡਿਊਟੀ ਨਿਭਾ ਰਹੇ ਸਨ।

ਇਸ ਮੌਕੇ ਸ਼੍ਰੀ ਅਭਿਮਨਯੂ ਰਾਣਾ, ਆਈਪੀਐਸ, ਐਸਐਸਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਇੰਸਪੈਕਟਰ ਜਸਵੀਰ ਸਿੰਘ ਦੇ ਮੋਢਿਆਂ ’ਤੇ ਪਦਉਨਤੀ ਦੇ ਸਟਾਰ ਲਗਾ ਕੇ ਉਨ੍ਹਾਂ ਨੂੰ ਡੀਐਸਪੀ ਦੇ ਅਹੁਦੇ ’ਤੇ ਪਦਉਨਤੀ ਲਈ ਮੁਬਾਰਕਬਾਦ ਦਿੱਤੀ ਗਈ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

ਐਸਐਸਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਆਸ ਪ੍ਰਗਟਾਈ ਗਈ ਕਿ ਡੀਐਸਪੀ ਵਜੋਂ ਵੀ ਜਸਵੀਰ ਸਿੰਘ ਆਪਣੀ ਡਿਊਟੀ ਨੂੰ ਪੂਰੀ ਇਮਾਨਦਾਰੀ, ਮਿਹਨਤ ਅਤੇ ਸਮਰਪਣ ਨਾਲ ਨਿਭਾਉਂਦੇ ਹੋਏ ਪੁਲਿਸ ਵਿਭਾਗ ਦੀਆਂ ਜ਼ਿੰਮੇਵਾਰੀਆਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਉਣਗੇ।

— Paras Sharma

ਬਣੇ ਡੀਐਸਪੀ



ਸ੍ਰੀ ਮੁਕਤਸਰ ਸਾਹਿਬ ਪੁਲਿਸ ਵਿੱਚ ਲੰਬੇ ਸਮੇਂ ਤੋਂ ਨਿਭਾ ਰਹੇ ਸਨ ਆਪਣੀਆਂ ਸੇਵਾਵਾਂ

ਸ੍ਰੀ ਮੁਕਤਸਰ ਸਾਹਿਬ: ਸ੍ਰੀ ਮੁਕਤਸਰ ਸਾਹਿਬ ਪੁਲਿਸ ਵਿੱਚ ਆਪਣੀਆਂ ਸੇਵਾਵਾਂ ਨਿਭਾ ਰਹੇ ਇੰਸਪੈਕਟਰ ਜਸਵੀਰ ਸਿੰਘ ਨੂੰ ਉਨ੍ਹਾਂ ਦੀਆਂ ਲੰਬੀਆਂ, ਮਿਹਨਤੀ ਅਤੇ ਸਮਰਪਿਤ ਪੁਲਿਸ ਸੇਵਾਵਾਂ ਦੇ ਮੱਦੇਨਜ਼ਰ ਮਾਨਯੋਗ ਡੀਜੀਪੀ ਪੰਜਾਬ ਵੱਲੋਂ ਡਿਪਟੀ ਸੁਪਰਡੈਂਟ ਆਫ਼ ਪੁਲਿਸ (ਡੀਐਸਪੀ) ਦੇ ਅਹੁਦੇ ’ਤੇ ਪਦਉਨਤ ਕੀਤਾ ਗਿਆ ਹੈ।

ਇੰਸਪੈਕਟਰ ਜਸਵੀਰ ਸਿੰਘ ਸਾਲ 1999 ਵਿੱਚ ਬਤੌਰ ਏਐਸਆਈ ਪੰਜਾਬ ਪੁਲਿਸ ਵਿੱਚ ਭਰਤੀ ਹੋਏ ਸਨ। ਆਪਣੀ ਮਿਹਨਤ, ਲਗਨ ਅਤੇ ਤਜਰਬੇ ਦੇ ਆਧਾਰ ’ਤੇ ਉਹ ਸਾਲ 2010 ਵਿੱਚ ਸਬ-ਇੰਸਪੈਕਟਰ ਅਤੇ ਸਾਲ 2015 ਵਿੱਚ ਇੰਸਪੈਕਟਰ ਦੇ ਅਹੁਦੇ ’ਤੇ ਪਦਉਨਤ ਹੋਏ। ਆਪਣੇ ਪੁਲਿਸ ਕਰੀਅਰ ਦੌਰਾਨ ਉਨ੍ਹਾਂ ਵੱਲੋਂ ਜ਼ਿਲ੍ਹਾ ਫਿਰੋਜ਼ਪੁਰ, ਮੋਗਾ, ਫਰੀਦਕੋਟ ਅਤੇ ਸ੍ਰੀ ਮੁਕਤਸਰ ਸਾਹਿਬ ਵਿੱਚ ਵੱਖ-ਵੱਖ ਥਾਣਿਆਂ ਵਿਖੇ ਬਤੌਰ ਮੁੱਖ ਅਫ਼ਸਰ ਥਾਣਾ (SHO) ਆਪਣੀ ਡਿਊਟੀ ਤਨਦੇਹੀ ਅਤੇ ਜ਼ਿੰਮੇਵਾਰੀ ਨਾਲ ਨਿਭਾਈ ਗਈ।

ਇੰਸਪੈਕਟਰ ਜਸਵੀਰ ਸਿੰਘ ਵੱਲੋਂ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਵਿੱਚ ਵੀ ਵੱਖ-ਵੱਖ ਅਹਿਮ ਜ਼ਿੰਮੇਵਾਰੀਆਂ ਨਿਭਾਉਂਦਿਆਂ ਕਾਨੂੰਨ ਵਿਵਸਥਾ ਬਣਾਈ ਰੱਖਣ, ਅਪਰਾਧਾਂ ’ਤੇ ਕਾਬੂ ਪਾਉਣ ਅਤੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਆਪਣੀਆਂ ਸੇਵਾਵਾਂ ਦਿੱਤੀਆਂ ਗਈਆਂ। ਪਦਉਨਤੀ ਤੋਂ ਪਹਿਲਾਂ ਉਹ ਥਾਣਾ ਲੰਬੀ ਵਿਖੇ ਮੁੱਖ ਅਫ਼ਸਰ ਥਾਣਾ (SHO) ਵਜੋਂ ਡਿਊਟੀ ਨਿਭਾ ਰਹੇ ਸਨ।

ਇਸ ਮੌਕੇ ਸ਼੍ਰੀ ਅਭਿਮਨਯੂ ਰਾਣਾ, ਆਈਪੀਐਸ, ਐਸਐਸਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਇੰਸਪੈਕਟਰ ਜਸਵੀਰ ਸਿੰਘ ਦੇ ਮੋਢਿਆਂ ’ਤੇ ਪਦਉਨਤੀ ਦੇ ਸਟਾਰ ਲਗਾ ਕੇ ਉਨ੍ਹਾਂ ਨੂੰ ਡੀਐਸਪੀ ਦੇ ਅਹੁਦੇ ’ਤੇ ਪਦਉਨਤੀ ਲਈ ਮੁਬਾਰਕਬਾਦ ਦਿੱਤੀ ਗਈ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

ਐਸਐਸਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਆਸ ਪ੍ਰਗਟਾਈ ਗਈ ਕਿ ਡੀਐਸਪੀ ਵਜੋਂ ਵੀ ਜਸਵੀਰ ਸਿੰਘ ਆਪਣੀ ਡਿਊਟੀ ਨੂੰ ਪੂਰੀ ਇਮਾਨਦਾਰੀ, ਮਿਹਨਤ ਅਤੇ ਸਮਰਪਣ ਨਾਲ ਨਿਭਾਉਂਦੇ ਹੋਏ ਪੁਲਿਸ ਵਿਭਾਗ ਦੀਆਂ ਜ਼ਿੰਮੇਵਾਰੀਆਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਉਣਗੇ।

— Paras Sharma

ਕੱਲ੍ਹ ਨੂੰ ਖੇਡਿਆ ਜਾਵੇਗਾ ਨਿਊਜੀਲੈਡ ਅਤੇ ਭਾਰਤ ਵਿਚਾਲੇ ਪਹਿਲਾ ਇਕ ਰੋਜ਼ਾ ਮੈਚ ।



ਕੱਲ੍ਹ ਨੂੰ ਖੇਡਿਆ ਜਾਵੇਗਾ ਨਿਊਜੀਲੈਡ ਅਤੇ ਭਾਰਤ ਵਿਚਾਲੇ ਪਹਿਲਾ ਇਕ ਰੋਜ਼ਾ ਮੈਚ । ਆਕਲੈਡ ਦੇ ਮੈਦਾਨ ਵਿੱਚ ਖੇਡਿਆ ਜਾਵੇਗਾ ਇਹ ਮੈਚ । ਭਾਰਤੀ ਸਮੇਂ ਅਨੁਸਾਰ ਸਵੇਰੇ 7:30 ਵਜੇ ਸ਼ੁਰੂ ਹੋਵੇਗਾ ਮੈਚ । T20 ਲੜੀ ਵਿੱਚ ਭਾਰਤੀ ਟੀਮ ਨੇ 5 ਮੈਚਾਂ ਦੀ ਲੜੀ 3/2 ਨਾਲ ਜਿੱਤੀ ਸੀ ।ਭਾਰਤੀ ਟੀਮ ਜਿੱਤ ਨਾਲ ਲੜੀ ਦੀ ਸ਼ੁਰੂਆਤ ਕਰਨਾ ਚਾਹੇਗੀ । sony live ਤੇ ਇਹਨਾਂ ਮੈਚਾਂ ਦਾ ਸਿਧਾ ਪ੍ਰਸਾਰਣ ਦਿਖਾਇਆ ਜਾਵੇਗਾ ।

— Parkash singh